ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ,ਚੰਡੀਗੜ੍ਹ
ਪੀ.ਐਸ.ਈ.ਬੀ ਕੰਪਲੈਕਸ, ਈ-ਬਲਾਕ, ਪੰਜਵੀਂ ਮੰਜ਼ਿਲ, ਫੇਜ਼-8 ਅਜੀਤਗੜ੍ਹ(ਪੰਜਾਬ)

ਵੱਲ

1. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ) ਪੰਜਾਬ
2. ਡਾਇਰੈਕਟਰ ਸਿੱਖਿਆ ਵਿਭਾਗ(ਐ.ਸਿ) ਪੰਜਾਬ
3. ਸਮੂਹ ਮੰਡਲ ਸਿੱਖਿਆ ਅਫਸਰ
4. ਸਮੂਹ ਜ਼ਿਲਾ ਸਿੱਖਿਆ ਅਫਸਰ (ਸੈ.ਸਿ)/(ਐ.ਸਿ)
5. ਸਮੂਹ ਸਕੂਲ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ: ਡੀ.ਜੀ.ਐਸ.ਈ/ਕੋਆਰਡੀਨੇਸ਼ਨ/2013/009341
ਮਿਤੀ,ਚੰਡੀਗੜ੍ਹ: 21.5.2013-05-21

ਵਿਸ਼ਾ: ਪੰਜਾਬ ਦੇ ਸਰਕਾਰੀ ਸਕੂਲਾਂ ਦੀ ਸੁਚੱਜੀ ਕਾਰਗੁਜ਼ਾਰੀ ਕਾਰਨ 12ਵੀਂ ਜਮਾਤ ਦੇ ਵਧੀਆ ਨਤੀਜਿਆਂ ਬਾਰੇ।

1.0 ਉਪਰੋਕਤ ਵਿਸ਼ੇ ਬਾਰੇ ਲਿਖਿਆ ਜਾਂਦਾ ਹੈ ਕਿ ਪੰਜਾਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਅਧਿਆਪਕਾਂ ਅਤੇ ਮੁੱਖੀਆਂ ਦੀ ਵਧੀਆ ਕਾਰਗੁਜ਼ਾਰੀ ਅਤੇ ਇਹਨਾਂ ਸਕੂਲਾਂ ਦੇ ਬੱਚਿਆਂ ਦੀ ਪੜ੍ਹਾਈ ਪ੍ਰਤੀ ਸੁਹਿਰਦਤਾ ਦਾ ਨਤੀਜਾ ਹੈ ਕਿ ਇਸ ਸਾਲ ਇਹਨਾਂ ਸਕੂਲਾਂ ਦੇ12ਵੀਂ ਜਮਾਤ ਦੇ ਰਿਜਲਟ ਬਹੁਤ ਵਧੀਆ ਆਏ ਹਨ। ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸਾਰੇ ਸਾਲ ਦੀ ਨਿਰੰਤਰ ਮਿਹਨਤ, ਲਗਨ ਅਤੇ ਸਰਕਾਰ ਵੱਲੋਂ ਸਿੱਖਿਆ ਦੇ ਪੱਧਰ ਨੂੰ ਉੱਚਾ ਕਰਨ ਲਈ ਕੀਤੇ ਉਪਰਾਲਿਆਂ ਸਦਕਾ ਇਹ ਸਭ ਕੁਝ ਸੰਭਵ ਹੋ ਸਕਿਆ ਹੈ।

2.0 ਸਾਲ 2011 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦਾ ਨਤੀਜਾ 72% ਰਿਹਾ ਸੀ ਜੋ ਕਿ ਸਾਲ 2012 ਵਿੱਚ 75% ਹੋ ਗਿਆ ਪਰ 2013 ਵਿੱਚ ਇਹ ਨਤੀਜਾ ਵੱਧਕੇ 82% ਹੋ ਗਿਆ । ਜੋ ਕਿ ਬਹੁਤ ਹੀ ਸਲਾਘਾਯੋਗ ਹੈ।

3.0 ਉਕਤ ਤੋਂ ਸਪਸ਼ਟ ਹੈ ਕਿ ਪਿਛਲੇ ਸਾਲ ਦੌਰਾਨ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਬੱਚਿਆਂ ਨੇ ਬਹੁਤ ਹੀ ਲਗਨ ਨਾਲ ਮਿਹਨਤ ਕੀਤੀ ਹੈ ਜਿਸ ਦੇ ਵਧੀਆ ਅਤੇ ਸਾਰਥਕ ਨਤੀਜੇ ਸਾਹਮਣੇ ਆਏ ਹਨ । ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਵਧੀਆ ਤਰੀਕੇ ਨਾਲ ਪੜ੍ਹਾਕੇ ਉਹਨਾਂ ਦੇ ਨਤੀਜੇ ਵਧੀਆ ਲਿਆਉਣਾ ਇਕ ਬਹੁਤ ਹੀ ਸਲਾਘਾਯੋਗ ਕਾਰਜ ਹੈ ਜਿਸ ਲਈ ਸਮੂਹ ਅਧਿਆਪਕ ਵਰਗ ਵਧਾਈ ਅਤੇ ਧੰਨਵਾਦ ਦਾ ਪਾਤਰ ਹੈ । ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਇਸ ਸਾਲ ਪੰਜਾਬ ਵਿੱਚ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਜੀ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੇ ਸਹਿਯੋਗ ਨਾਲ ਨਕਲ ਦੇ ਕੋਹੜ ਨੂੰ ਵੀ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ ਹੈ ਅਤੇ ਇਸ ਕੋਹੜ ਨੂੰ ਕਾਬੂ ਕਰਨ ਉਪਰੰਤ ਸਕੂਲਾਂ ਦੇ ਵਧੀਆ ਨਤੀਜੇ ਆਉਣਾ ਹੋਰ ਵੀ ਸਲਾਘਾਯੋਗ ਹੈ ।

4.0 ਉਕਤ ਲਈ ਅਧਿਆਪਕ ਵਰਗ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਾਂਦਾ ਹੈ ਅਤੇ ਪਾਸ ਹੋਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਜਾਂਦੀ ਹੈ। ਇਹ ਧੰਨਵਾਦ ਅਧਿਆਪਕਾਂ ਦੇ ਨਾਲ ਨਾਲ ਸਮੂਹ ਖੇਤਰੀ ਅਧਿਕਾਰੀਆਂ, ਇੰਨਸਪੈਕਸਨ ਟੀਮਾਂ ਅਤੇ ਰਿਸੋਰਸ ਪਰਸਨਾਂ ਦਾ ਵੀ ਕੀਤਾ ਜਾਂਦਾ ਹੈ।

5.0 ਇਹ ਆਸ ਕੀਤੀ ਜਾਂਦੀ ਹੈ ਕਿ ਅੱਗੇ ਤੋਂ ਵੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਵੱਲੋਂ ਪੂਰੀ ਪ੍ਰਤੀਬੱਧਤਾ ਨਾਲ ਕੰਮ ਕਰਦੇ ਹੋਏ ਨਤੀਜਿਆਂ ਨੂੰ ਹੋਰ ਵੀ ਬਿਹਤਰ ਬਣਾਉਣ ਦੇ ਉਪਰਾਲੇ ਜਾਰੀ ਰਹਿਣਗੇ।

ਕੇ.ਐਸ.ਪੰਨੂੰ,ਆਈ.ਏ.ਐਸ
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ